# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਤਰਨ ਤਾਰਨ

ਪੱਤਰ ਨੰ:ਜਸਅ/2020/ਆਰ.ਟੀ.ਈ./2528

ਮਿਤੀ: 17.12.2020

ਵੱਲ:

ਮੈਨੇਜਰ ,
ਨਿਸ਼ਾਨ ਏ ਸਿੱਖੀ ਇੰਟਰਨੈਸ਼ਨਲ ਸਕੂਲ,
ਖਡੂਰ ਸਾਹਿਬ,
ਤਰਨ ਤਾਰਨ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ,2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਨਿਸ਼ਾਨ ਦੇ ਸਿੱਖੀ ਇੰਟਰਨੈਸ਼ਨਲ ਸਕੂਲ,ਖਡੂਰ ਸਾਹਿਬ ਤਰਨ ਤਾਰਨ ਨੂੰ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਅਤੇ ਪੰਜਾਬ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਅਧੀਨ, ਨਿਰੀਖਕ ਅਧਿਕਾਰੀਆ ਪਾਸੋਂ ਪ੍ਰਾਪਤ ਰਿਪੋਰਟ ਦੇ ਆਧਾਰ ਤੇ ਜਮਾਤ ਪ੍ਰੀ-ਪ੍ਰਾਇਮਰੀ ਤੋਂ ਅੱਠਵੀਂ ਤਕ ਹੇਠ ਲਿਖੀਆ ਸ਼ਰਤਾਂ ਤਹਿਤ ਤਿੰਨ ਸਾਲ ਲਈ ਮਾਨਤਾ ਦਿੱਤੀ ਜਾਂਦੀ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।
2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।
3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁੱਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।
4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।
5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪ੍ਰਸਤ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।
6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-
   ੳ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।
   ਅ. ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।
   ੲ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸਮੂਲੀਅਤ।
   ਸ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।

Scanned with CamScanner

PRINCIPAL
MANAGER
NISHAN-E-SIKHI INTERNATIONAL SCHOOL
Khadur Sahib Distt. Tarn Taran

MANAGER
NISHAN-E-SIKHI INTERNATIONAL SCHOOL
Khadur Sahib Distt. Tarn Taran

ਹ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ।

ਕ. ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਆਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।
8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।
9. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤੇ ਜਾਣੇ ਚਾਹੀਦੇ ਹਨ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾ ਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ (ਐ.ਸਿੰ.) ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ.ਤਰਨ ਤਾਰਨ-20080404 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

17. ਸਕੂਲ **THE PUNJAB REGULATION OF FEE OF UNAIDED EDUCATIONAL INSTITUTIONS BILL, 2016** ਦੀ ਪਾਲਣਾ ਦਾ ਪਾਬੰਧ ਰਹੇਗਾ।

18. ਸਕੂਲ/ਸੰਸਥਾ ਆਰ.ਟੀ.ਈ ਐਕਟ 2009 ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਲਾਗੂ ਕਰਨ ਦਾ ਪਾਬੰਧ ਹੋਵੇਗਾ। ਜੇਕਰ ਸਕੂਲ/ਸੰਸਥਾ ਆਰ.ਟੀ.ਈ ਐਕਟ ਦੇ ਕਿਸੇ ਵੀ ਧਾਰਾ/ਨਿਯਮ ਜਾਂ ਵਿਭਾਗ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਰੱਦ ਕਰ ਦਿੱਤੀ ਜਾਵੇਗੀ ।

ਜਿਲਾ ਸਿੱਖਿਆ ਅਫਸਰ (ਐ.ਸਿੰ.)
ਤਰਨ ਤਾਰਨ।

Scanned with CamScanner

PRINCIPAL
NISHAN-E-SIKHI INTERNATIONAL SCHOOL
Khadur Sahib Distt. Tarn Taran

MANAGER
NISHAN-E-SIKHI INTERNATIONAL SCHOOL
Khadur Sahib Distt. Tarn Taran